# ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ

ਵਣ ਕੰਪਲੈਕਸ, ਸੈਕਟਰ-68, ਐੱਸ.ਏ.ਐੱਸ. ਨਗਰ।

https://sssb.punjab.gov.in

ਇਸ਼ਤਿਹਾਰ ਨੰਬਰ 10 ਆਫ 2025 ਅਸਾਮੀਆਂ ਦੀ ਗਿਣਤੀ - 34

| ਲੜੀ ਨੰ. | ਵਿਭਾਗ ਦਾ ਨਾਮ | ਅਸਾਮੀ ਦਾ ਨਾਮ | ਅਸਾਮੀਆਂ ਦੀ ਗਿਣਤੀ |
|---|---|---|---|
| 1. | ਡਾਇਰੈਕਟੋਰੇਟ, ਮੱਛੀ ਪਾਲਣ ਵਿਭਾਗ, ਪੰਜਾਬ | ਜੂਨੀਅਰ ਇੰਜੀਨੀਅਰ | 01 |
| | | ਸਹਾਇਕ ਡਾਇਰੈਕਟਰ ਮੱਛੀ ਪਾਲਣ | 05 |
| 2. | ਪੰਜਾਬ ਬਿਊਰੋ ਆਫ ਇਲਵੈਸਟੀਗੇਸ਼ਨ, ਪੰਜਾਬ | ਸੀਨੀਅਰ ਫੋਰੈਂਸਿਕ ਸੁਪਰਵਾਈਜ਼ਰ | 12 |
| | | ਲੀਗਲ ਅਡਵਾਈਜ਼ਰ | 03 |
| 3. | ਸਥਾਨਕ ਸਰਕਾਰ ਵਿਭਾਗ, ਪੰਜਾਬ | ਜੂਨੀਅਰ ਇੰਜੀਨੀਅਰ (ਮਕੈਨੀਕਲ) | 13 |


| ਲੜੀ ਨੰ. | ਵੇਰਵਾ | ਪੰਨਾ ਨੰਬਰ |
|---|---|---|
| 1. | ਮਹੱਤਵਪੂਰਨ ਮਿਤੀਆਂ | 2 |
| 2. | ਜਾਣ-ਪਹਿਚਾਣ / ਵਿਸਥਾਰਪੂਰਵਕ ਸੂਚਨਾ | 2 |
| 3. | ਅਸਾਮੀਆਂ ਦਾ ਕੈਟਾਗਰੀ-ਵਾਈਜ਼ ਵਰਗੀਕਰਨ | 2-4 |
| 4. | ਅਸਾਮੀਆਂ ਅਪਲਾਈ ਕਰਨ ਲਈ ਕੈਟਾਗਰੀ ਕੋਡ | 5 |
| 5. | ਵਿੱਦਿਅਕ ਯੋਗਤਾ/ਤਕਨੀਕੀ ਯੋਗਤਾ | 5-7 |
| 6. | ਉਮਰ ਸੀਮਾ | 7-8 |
| 7. | ਤਨਖਾਹ ਸਕੇਲ ਅਤੇ ਭੱਤੇ | 8 |
| 8. | ਫੀਸ ਸੰਬੰਧੀ ਵੇਰਵਾ | 8 |
| 9. | ਰਾਖਵਾਂਕਰਨ ਸੰਬੰਧੀ ਮਹੱਤਵਪੂਰਨ ਹਦਾਇਤਾਂ | 9 |
| 10. | ਚੋਣ ਵਿਧੀ/ਪ੍ਰੀਖਿਆ ਸੰਬੰਧੀ ਜਾਣਕਾਰੀ | 10 |
| 11. | ਉਮੀਦਵਾਰ ਨੂੰ ਅਯੋਗ ਕਰਾਰ ਦੇਣ ਜਾਂ ਪਾਤਰਤਾ ਰੱਦ ਕਰਨ ਦੀਆਂ ਸ਼ਰਤਾਂ | 11 |
| 12. | ਅਪਲਾਈ ਕਰਨ ਦੀ ਵਿਧੀ | 12-13 |
| 13. | ਬਿਨੈਕਾਰ ਦੇ ਧਿਆਨ ਹਿੱਤ ਜ਼ਰੂਰੀ ਹਦਾਇਤਾਂ | 13-14 |

**ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**

**ਵਣ ਕੰਪਲੈਕਸ, ਸੈਕਟਰ-68, ਐਸ.ਏ.ਐਸ. ਨਗਰ।**

https://sssb.punjab.gov.in

**ਜਨਤਕ ਨਿਯੁਕਤੀਆਂ**

**ਮਹੱਤਵਪੂਰਨ ਮਿਤੀਆਂ:**

**ਇਸ਼ਤਿਹਾਰ ਪ੍ਰਕਾਸ਼ਿਤ ਹੋਣ ਦੀ ਮਿਤੀ:** - 15.11.2025

**ਆਨਲਾਈਨ ਅਪਲਾਈ ਕਰਨ ਦੀ ਸ਼ੁਰੂਆਤੀ ਮਿਤੀ:** - 19.11.2025

**ਆਨਲਾਈਨ ਅਪਲਾਈ/ਸਬਮਿਟ ਕਰਨ ਦੀ ਆਖਰੀ ਮਿਤੀ** - 12.12.2025 **ਸ਼ਾਮ 05.00 ਵਜੇ ਤੱਕ**

**ਫੀਸ ਭਰਨ ਦੀ ਆਖਰੀ ਮਿਤੀ:** - 15.12.2025

1. ਜਾਣ-ਪਹਿਚਾਣ

ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਦੀ ਸਥਾਪਨਾ ਭਾਰਤੀ ਸੰਵਿਧਾਨ ਦੀ ਧਾਰਾ 309 ਤਹਿਤ ਕੀਤੀ ਗਈ ਹੈ, ਜਿਸਦਾ ਮੁੱਖ ਮੰਤਵ ਪੰਜਾਬ ਸਰਕਾਰ ਦੇ ਅਦਾਰਿਆਂ ਵੱਲੋਂ ਪ੍ਰਾਪਤ ਹੋਏ ਮੰਗ ਪੱਤਰਾਂ ਅਨੁਸਾਰ ਪੰਜਾਬ ਸਰਕਾਰ ਦੇ ਅਦਾਰਿਆਂ ਵਿੱਚ ਗੁਰੱਪ-ਬੀ, ਗਰੁੱਪ-ਸੀ ਅਤੇ ਗਰੁੱਪ-ਡੀ ਸੇਵਾਵਾਂ ਦੇ ਅਮਲੇ ਦੀ ਭਰਤੀ ਕਰਨਾ ਹੈ।

2. ਵਿਸਥਾਰਪੂਰਵਕ ਸੂਚਨਾ

ਪੰਜਾਬ ਸਰਕਾਰ, ਵਿਗਿਆਨ, ਤਕਨੀਕ ਅਤੇ ਵਾਤਾਵਰਣ ਵਿਭਾਗ ਤੋਂ ਪ੍ਰਾਪਤ ਮੰਗ ਪੱਤਰ, ਅਸਾਮੀਆਂ ਦਾ ਵਰਗੀਕਰਨ ਅਤੇ ਪ੍ਰਾਪਤ ਨਿਯਮਾਂ ਅਨੁਸਾਰ **ਗਰੁੱਪ–ਬੀ** ਦੀਆਂ ਅਸਾਮੀਆਂ ਨੂੰ ਭਰਨ ਲਈ ਬੋਰਡ ਦੀ ਵੈਬਸਾਈਟ **https://sssb.punjab.gov.in** ਤੇ ਯੋਗ ਉਮੀਦਵਾਰਾਂ ਤੋਂ ਮਿਤੀ 19.11.2025 ਤੋਂ 12.12.2025 ਤੱਕ ਕੇਵਲ ਆਨਲਾਈਨ ਮੋਡ ਰਾਹੀਂ ਅਰਜੀਆਂ/ਬਿਨੈ-ਪੱਤਰਾਂ ਦੀ ਮੰਗ ਕੀਤੀ ਜਾਂਦੀ ਹੈ।

3. ਅਸਾਮੀਆਂ ਦਾ ਸ਼੍ਰੇਣੀ ਵਾਈਜ ਵਰਗੀਕਰਨ ਹੇਠ ਲਿਖੇ ਅਨੁਸਾਰ ਹੈ:-

(I) ਵਿਭਾਗ ਦਾ ਨਾਮ: ਡਾਇਰੈਕਟੋਰੇਟ, ਮੱਛੀ ਪਾਲਣ ਵਿਭਾਗ, ਪੰਜਾਬ।

(ੳ) ਅਸਾਮੀ ਦਾ ਨਾਮ:- ਜੂਨੀਅਰ ਇੰਜੀਨੀਅਰ

(ii)

| Sr. No. | Category | ਆਸਾਮੀਆਂ ਦੀ ਗਿਣਤੀ | |
|---|---|---|---|
| | | Total Number of Vacancies (including Backlog) | Out of Total Number of Vacancies mention in Column C, Number of vacancies Reserved for women. |
| A | B | C | D |
| 1. | SC (M&B) | 1 | 1 |
| | Total | 1 | 1 |

(ਅ) ਅਸਾਮੀ ਦਾ ਨਾਮ – ਸਹਾਇਕ ਡਾਇਰੈਕਟਰ ਮੱਛੀ ਪਾਲਣ

| Sr. No. | Category | ਆਸਾਮੀਆਂ ਦੀ ਗਿਣਤੀ | |
|---|---|---|---|
| | | Total Number of Vacancies (including Backlog) | Out of Total Number of Vacancies mention in Column C, Number of vacancies Reserved for women. |
| A | B | C | D |
| 1. | General | 2 | - |
| 2. | SC (M&B) | 1 | - |
| 3. | BC | 1 | 1 |
| 4. | Ex-Servicemen General | 1 | 1 |
| | **Total** | **5** | **2** |

(II) ਵਿਭਾਗ ਦਾ ਨਾਮ: ਪੰਜਾਬ ਬਿਊਰੋ ਆਫ ਇਨਵੈਸਟੀਗੇਸ਼ਨ, ਪੰਜਾਬ।

(ੳ) ਆਸਾਮੀ ਦਾ ਨਾਮ:- ਸੀਨੀਅਰ ਫੋਰੈਂਸਿਕ ਸੁਪਰਵਾਈਜ਼ਰ

| Sr. No. | Category | ਆਸਾਮੀਆਂ ਦੀ ਗਿਣਤੀ | |
|---|---|---|---|
| | | Total Number of Vacancies (including Backlog) | Out of Total Number of Vacancies mention in Column C, Number of vacancies Reserved for women. |
| A | B | C | D |
| 1. | General | 5 | 2 |
| 2. | SC (M&B) | 2 | 1 |
| 3. | SC (R&O) | 1 | - |
| 4. | BC | 1 | - |
| 5. | Ex-Servicemen General | 1 | - |
| 6. | Physically Handicapped (Hearing Impaired) | 1 | - |
| 7. | Economically Weaker Section | 1 | 1 |
| | Total | 12 | 04 |

(ਅ) ਆਸਾਮੀ ਦਾ ਨਾਮ:- ਲੀਗਲ ਅਡਵਾਈਜ਼ਰ

| Sr. No. | Category | ਆਸਾਮੀਆਂ ਦੀ ਗਿਣਤੀ | |
|---|---|---|---|
| | | Total Number of Vacancies (including Backlog) | Out of Total Number of Vacancies mention in Column C, Number of vacancies Reserved for women. |
| A | B | C | D |
| 1. | General | 2 | 1 |
| 2. | SC (M&B) | 1 | 1 |
| | **Total** | 3 | 2 |

(III) ਵਿਭਾਗ ਦਾ ਨਾਮ: ਡਾਇਰੈਕਟੋਰੇਟ, ਸਥਾਨਕ ਸਰਕਾਰ ਵਿਭਾਗ, ਪੰਜਾਬ।

(ੳ) ਆਸਾਮੀ ਦਾ ਨਾਮ:- ਜੂਨੀਅਰ ਇੰਜੀਨੀਅਰ (ਮਕੈਨੀਕਲ)

| Sr. No. | Category | ਆਸਾਮੀਆਂ ਦੀ ਗਿਣਤੀ | |
|---|---|---|---|
| | | Total Number of Vacancies (including Backlog) | Out of Total Number of Vacancies mention in Column C, Number of vacancies Reserved for women. |
| A | B | C | D |
| 1. | General | 4 | 1 |
| 2. | SC (M&B) | 2 | 1 |
| 3. | SC (R&O) | 3 | 1 |
| 4. | BC | 1 | - |
| 5. | Ex-Servicemen General | 1 | - |
| 6. | Ex-Servicemen SC (M&B) | 1 | - |
| 7. | Economically Weaker Section | 1 | - |
| | **Total** | 13 | 3 |

ਨੋਟ: ਉਪਰੋਕਤ ਰਾਖਵਾਂਕਰਨ ਅਤੇ ਸ਼੍ਰੇਣੀ-ਵਾਈਜ ਵਰਗੀਕਰਨ ਵਿਭਾਗ ਵੱਲੋਂ ਪ੍ਰਾਪਤ ਮੰਗ ਪੱਤਰ ਦੇ ਅਧਾਰ ਤੇ ਦਰਸਾਇਆ ਗਿਆ ਹੈ। ਜੇਕਰ ਸਬੰਧਤ ਵਿਭਾਗ ਭਵਿੱਖ ਵਿੱਚ ਭਰਤੀ ਪ੍ਰਕਿਰਿਆ ਦੀ ਕਿਸੇ ਵੀ ਸਟੇਜ਼ ਤੇ ਕਿਸੇ ਵੀ ਕਾਰਨ ਉਪਰੋਕਤ ਦਰਸਾਈਆਂ ਅਸਾਮੀਆਂ ਦੀ ਗਿਣਤੀ ਘਟਾਉਣ ਜਾਂ ਵਧਾਉਣ ਜਾਂ ਅਸਾਮੀਆਂ ਦੀ ਮੰਗ ਮੁਕੰਮਲ ਰੂਪ ਵਿੱਚ ਵਾਪਿਸ ਲੈਣ ਦਾ ਫੈਸਲਾ ਲੈਂਦਾ ਹੈ ਜਾਂ ਉਪਰੋਕਤ ਦਰਸਾਏ ਸ਼੍ਰੇਣੀਆਂ ਦੇ ਵਰਗੀਕਰਨ ਵਿੱਚ ਕਿਸੇ ਵੀ ਤਰ੍ਹਾਂ ਦੀ ਤਬਦੀਲੀ/ਸੋਧ ਕਰਨ ਦਾ ਫੈਸਲਾ ਲੈਂਦਾ ਹੈ ਤਾਂ ਬੋਰਡ ਦੁਆਰਾ ਇਸ

ਸਬੰਧੀ ਭਰਤੀ ਵਿੱਚ ਸੋਧ ਕੀਤੀ ਜਾ ਸਕਦੀ ਹੈ ਜਾਂ ਇਸ਼ਤਿਹਾਰ ਨੂੰ ਮੂਲ ਰੂਪ ਵਿੱਚ ਵਾਪਿਸ ਲਿਆ ਜਾ ਸਕਦਾ ਹੈ। ਅਜਿਹੀ ਹਰ ਤਰਾਂ ਦੀ ਕਾਰਵਾਈ ਸਮੂਹ ਉਮੀਦਵਾਰਾਂ ਤੇ ਲਾਗੂ ਹੋਵੇਗੀ।

4. ਅਸਾਮੀਆਂ ਲਈ ਅਪਲਾਈ ਕਰਨ ਲਈ ਕੈਟਾਗਰੀ ਕੋਡ :-

| Sr. No. | Category | Code |
|---|---|---|
| 1. | General | 101 |
| 2. | Economically Weaker Section | 102 |
| 3. | S.C. (M & B) | 103 |
| 4. | S.C. (Ramdasia & others) | 104 |
| 5. | B.C. | 105 |
| 6. | ESM Gen. (Self) | 106 |
| 7. | ESM Gen. (Dependent) | 107 |
| 8. | ESM S.C (M & B) (Self) | 108 |
| 9. | ESM S.C (M & B) (Dependent) | 109 |
| 10. | ESM S.C (R & O) (Self) | 110 |
| 11. | ESM S.C (R & O) (Dependent) | 111 |
| 12. | Physical Handicapped (Hearing Impaired) | 119 |

5. ਅਸਾਮੀਆਂ ਲਈ ਅਪਲਾਈ ਕਰਨ ਸਬੰਧੀ ਉਮੀਦਵਾਰਾਂ ਦੀ ਵਿੱਦਿਅਕ ਯੋਗਤਾ (Educational Qualification) ਹੇਠ ਲਿਖੇ ਅਨੁਸਾਰ ਹੋਣੀ ਲਾਜ਼ਮੀ ਹੈ :-

(i) ਵਿਭਾਗ ਦਾ ਨਾਮ:- ਡਾਇਰੈਕਟੋਰੇਟ, ਮੱਛੀ ਪਾਲਣ ਵਿਭਾਗ, ਪੰਜਾਬ।

| ਲੜੀ ਨੰ. | ਅਸਾਮੀ ਦਾ ਨਾਮ | ਵਿਦਿਅਕ ਯੋਗਤਾ/ਤਕਨੀਕੀ ਯੋਗਤਾ |
|---|---|---|
| 1. | Junior Engineer | Should possess three years Diploma in Civil Engineering from a recognized University or institution; or possess a higher qualification in the same discipline. |
| 2. | Assistant Director Fisheries | (i) Master's degree in Fisheries Science; and<br>(ii) Minimum experience of five years in development and management of Pisciculture.<br>OR<br>(i) *Master's* degree in Science with Zoology;<br>(ii) One year training in Inland Fisheries and Aquaculture from a recognized institution; and<br>(iii) Minimum experience of five years in development and management of Pisciculture.<br>OR<br>(i) Bachelor's degree in Fisheries Science; and<br>(ii) Minimum experience of seven years in development and management of Pisciculture.<br>OR<br>(i) Bachelor's degree in Science with Zoology;<br>(ii) One year training in Inland Fisheries and Aquaculture from a recognized institution; and<br>(iii) Minimum experience of seven years in development and management of Pisciculture. |

| | |
|---|---|
| Note:- (I) | ਡਾਇਰੈਕਟੋਰੇਟ, ਮੱਛੀ ਪਾਲਣ ਵਿਭਾਗ, ਪੰਜਾਬ ਤੋਂ ਪੱਤਰ ਮਿਤੀ 09.10.2025 ਰਾਹੀਂ ਪ੍ਰਾਪਤ ਸਪਸ਼ਟੀਕਰਨ ਦੇ ਅਧਾਰ ਤੇ ਸੂਚਿਤ ਕੀਤਾ ਜਾਂਦੀ ਹੈ ਕਿ Development and Management of Pisciculture ਦਾ ਤਜ਼ਰਬਾ ਕਿਸੇ ਸਰਕਾਰੀ ਅਦਾਰੇ ਤੋਂ ਪ੍ਰਾਪਤ ਕੀਤਾ ਹੋਣਾ ਚਾਹੀਦਾ ਹੈ। Inland Fisheries and Aquaculture ਸਬੰਧੀ ਇੱਕ ਸਾਲ ਦੀ ਟ੍ਰੇਨਿੰਗ ਕਿਸੇ ICAR (Indian Council of Agricultural Research) recognized Institution ਪਾਸੋਂ ਹੋਈ ਲਾਜ਼ਮੀ ਹੈ।<br><br>(II) ਡਾਇਰੈਕਟੋਰੇਟ, ਮੱਛੀ ਪਾਲਣ ਵਿਭਾਗ, ਪੰਜਾਬ ਦੇ ਵਿਭਾਗੀ ਨਿਯਮਾਂ ਵਿੱਚ 'Depatmental Examination' ਸਬੰਧੀ ਹੇਠ ਲਿਖੇ ਅਨੁਸਾਰ ਉਪਬੰਧ ਕੀਤਾ ਗਿਆ ਹੈ:-<br><br>(A) Departmental Examination<br><br>Every person appointed to the post of Assistant Director Fisheries unless he has already done so, has to pass departmental examination as may be specified by the Government from time to time and as per provisions laid down in Punjab Civil Services (General And Common Conditions of Service) Rules, 1994, as amended from time to time. |

(II) ਵਿਭਾਗ ਦਾ ਨਾਮ: ਪੰਜਾਬ ਬਿਊਰੋ ਆਫ ਇਨਵੈਸਟੀਗੇਸ਼ਨ, ਪੰਜਾਬ।

| ਲੜੀ ਨੰ. | ਅਸਾਮੀ ਦਾ ਨਾਮ | ਵਿਦਿਅਕ ਯੋਗਤਾ/ਤਕਨੀਕੀ ਯੋਗਤਾ |
|---|---|---|
| 1. | Senior Forensics Supervisor | Should have Bachelor's degree in Forensic Science or equivalent from a Central or State Government recognized university or institution,<br><br>and<br><br>Should have minimum relevant work experience of thirteen years' in any Government or Quasi-Government forensics Organization or Central or State Government Accredited Forensic Science Laboratory (ies) or Institute(s) or Central or State Government Chemical Examiner Laboratory(ies) or any Public Sector Laboratory (ies). |
| 2. | Legal Advisor | Should have Bachelor's Degree in Law with minimum of fifty percent marks or equivalent from a Central or State Government recognized university or institution;<br><br>and<br><br>Should have practiced at the Bar for a minimum period of twelve years. |

(III) ਵਿਭਾਗ ਦਾ ਨਾਮ: ਡਾਇਰੈਕਟੋਰੇਟ, ਸਥਾਨਕ ਸਰਕਾਰ ਵਿਭਾਗ, ਪੰਜਾਬ।

| ਲੜੀ ਨੰ. | ਅਸਾਮੀ ਦਾ ਨਾਮ | ਵਿਦਿਅਕ ਯੋਗਤਾ/ਤਕਨੀਕੀ ਯੋਗਤਾ |
|---|---|---|
| 1. | Junior Engineer (Mechanical) | Should possess minimum Three Years Diploma in Mechnical Engineering from State Technical Education Board or from recognized University or Institutes.<br>OR.<br>Higher Qualification in the relevant discipline. |

ਨੋਟ :- (I) ਉਪਰ ਦਰਸਾਈਆਂ ਵੱਖ ਵੱਖ ਤਰ੍ਹਾਂ ਦੀਆਂ ਅਸਾਮੀਆਂ ਲਈ Punjab Civil Services (General and Common Conditions of Service) Rules, 1994, ਦੇ ਨਿਯਮ 17 ਤਹਿਤ ਦਸਵੀਂ ਪੱਧਰ ਤੇ ਪੰਜਾਬੀ ਜਾਂ ਇਸਦੇ ਬਰਾਬਰ ਦੀ ਯੋਗਤਾ ਪਾਸ ਕੀਤੀ ਹੋਣੀ ਲਾਜ਼ਮੀ ਹੈ। ਇਸ ਨਿਯਮ ਦੀ ਇਬਾਰਤ ਹੇਠ ਅਨੁਸਾਰ ਹੈ:-

"17.Knowledge of Punjabi Language- No person shall be appointed to any post in any service by direct appointment unless he has passed Matriculation examination with Punjabi as one of the compulsory or elective subjects or any other equivalent examination in Punjabi language which may be specified by the Government from time to time."

(II) ਵਿੱਦਿਅਕ ਯੋਗਤਾ/ਤਕਨੀਕੀ ਯੋਗਤਾ ਸਰਟੀਫਿਕੇਟ ਅਪਲਾਈ ਕਰਨ ਦੀ ਅੰਤਿਮ ਮਿਤੀ ਤੋਂ ਪਹਿਲਾਂ ਦਾ ਜਾਰੀ ਹੋਇਆ ਹੋਣਾ ਜਰੂਰੀ ਹੈ।

6. <u>ਉਮਰ ਸੀਮਾ</u> :-

ਉਪਰੋਕਤ ਅਸਾਮੀਆਂ ਲਈ ਉਮਰ ਸੀਮਾ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਮਿਤੀ 01-01-2025 ਨੂੰ ਹੇਠ ਅਨੁਸਾਰ ਹੋਣੀ ਚਾਹੀਦੀ ਹੈ :-

(I) ਜਨਰਲ ਸ਼੍ਰੇਣੀ ਦੇ ਉਮੀਦਵਾਰ ਦੀ ਉਮਰ 18 ਸਾਲ ਤੋਂ ਘੱਟ ਅਤੇ 37 ਸਾਲ ਤੋਂ ਵੱਧ ਨਹੀਂ ਹੋਣੀ ਚਾਹੀਦੀ।

(II) ਪੰਜਾਬ ਰਾਜ ਦੇ ਅਨੁਸੂਚਿਤ ਜਾਤੀ ਅਤੇ ਪੱਛੜੀ ਸ਼੍ਰੇਣੀ ਦੇ ਵਸਨੀਕ ਉਮੀਦਵਾਰਾਂ ਦੀ ਵੱਧ ਤੋਂ ਵੱਧ ਉਮਰ ਸੀਮਾ 42 ਸਾਲ ਹੋਵੇਗੀ।

(III) ਰਾਜ ਅਤੇ ਕੇਂਦਰੀ ਸਰਕਾਰ ਦੇ ਕਰਮਚਾਰੀਆਂ ਲਈ ਉਪਰਲੀ ਉਮਰ ਸੀਮਾ ਵਿੱਚ ਛੋਟ ਦਿੰਦੇ ਹੋਏ ਵੱਧ ਤੋਂ ਵੱਧ ਉਮਰ ਸੀਮਾ 45 ਸਾਲ ਹੋਵੇਗੀ।

(IV) ਪੰਜਾਬ ਦੇ ਵਸਨੀਕ ਸਾਬਕਾ ਫੌਜੀਆਂ ਦੇ ਕੇਸ ਵਿੱਚ ਉਪਰਲੀ ਉਮਰ ਸੀਮਾ Punjab Recruitment of Ex-servicemen Rules, 1982 ਵਿੱਚ ਸਮੇਂ-ਸਮੇਂ ਹੋਈਆਂ ਸੋਧਾਂ ਅਨੁਸਾਰ ਹੋਵੇਗੀ। ਇਹ ਉਮਰ ਸੀਮਾ ਉਨ੍ਹਾਂ ਦੀ ਫੌਜ ਵਿੱਚ ਕੀਤੀ ਸੇਵਾ ਦਾ ਸਮਾਂ ਉਨ੍ਹਾਂ ਦੀ ਉਮਰ ਵਿੱਚੋਂ ਘਟਾਉਣ ਤੋਂ ਬਾਅਦ ਬਾਕੀ ਬਚੀ ਉਮਰ ਜੇਕਰ ਸੇਵਾ ਰੂਲਾਂ ਅਨੁਸਾਰ ਅਸਾਮੀ ਦੀ ਉਪਰਲੀ

ਉਮਰ ਸੀਮਾ ਤੋਂ 3 ਸਾਲ ਤੋਂ ਵੱਧ ਨਹੀਂ ਹੋਵੇਗੀ ਤਾਂ ਮੰਨਿਆ ਜਾਵੇਗਾ ਕਿ ਉਹ ਉਮਰ ਸੀਮਾ ਦੀਆਂ ਸ਼ਰਤਾਂ ਪੂਰੀਆਂ ਕਰਦਾ ਹੈ।

(V) The upper age limit for widows, divorcees and certain other categories of married women as per instructions issued by the Government of Punjab vide Letter No. 1/50/83-5PP(1368)/3454 Dated 23/04/1984 will be relaxed up to 40 years.

ਨੋਟ:- 1. ਰਾਜ ਅਤੇ ਕੇਂਦਰੀ ਸਰਕਾਰ ਦੇ ਕਰਮਚਾਰੀਆਂ ਨੂੰ ਉਮਰ ਦੀ ਉਪਰਲੀ ਸੀਮਾ ਵਿੱਚ ਛੋਟ ਲੈਣ ਲਈ ਆਪਣੇ ਵਿਭਾਗ ਤੋਂ NOC ਲੈ ਕੇ ਕੌਂਸਲਿੰਗ ਸਮੇਂ ਪੇਸ਼ ਕਰਨਾ ਪਵੇਗਾ।

7. <u>ਤਨਖਾਹ ਸਕੇਲ ਅਤੇ ਭੱਤੇ</u>:-

| ਲੜੀ ਨੰ. | ਵਿਭਾਗ ਦਾ ਨਾਮ | ਅਸਾਮੀ ਦਾ ਨਾਮ | ਤਨਖਾਹ ਸਕੇਲ ਅਤੇ ਭੱਤੇ 7ਵੇਂ ਕੇਂਦਰੀ ਤਨਖਾਹ ਸਕੇਲ ਅਨੁਸਾਰ |
|---|---|---|---|
| 1. | ਡਾਇਰੈਕਟੋਰੇਟ, ਮੱਛੀ ਪਾਲਣ ਵਿਭਾਗ, ਪੰਜਾਬ। | Junior Engineer | 35400/- |
| | | Assistant Director Fisheries | 35400/- |
| 2. | ਪੰਜਾਬ ਬਿਊਰੋ ਆਫ ਇਨਵੈਸਟੀਗੇਸ਼ਨ, ਪੰਜਾਬ | Senior Forensics Supervisor | 35400/- |
| | | Legal Advisor | 35400/- |
| 3. | ਡਾਇਰੈਕਟੋਰੇਟ, ਸਥਾਨਕ ਸਰਕਾਰ ਵਿਭਾਗ, ਪੰਜਾਬ | Junior Engineer (Mechanical) | 35400/- |

ਤਨਖਾਲ ਸਕੇਲ ਅਤੇ ਭੱਤਿਆਂ ਸਬੰਧੀ ਵਿੱਤ ਵਿਭਾਗ (ਵਿੱਤ ਪ੍ਰਸੋਨਲ-1 ਸ਼ਾਖਾ) ਦੇ ਪੱਤਰ ਨੰ: 7/204/2012-4FP1/66-72, ਮਿਤੀ 15/01/2015 ਅਤੇ ਪੱਤਰ ਨੰ: 07/204/2015-4FP1/853793 ਮਿਤੀ 04/10/2016 ਅਤੇ ਇਸ ਸਬੰਧੀ ਸਮੇਂ-ਸਮੇਂ ਤੇ ਜਾਰੀ ਹੋਰ ਹਦਾਇਤਾਂ ਲਾਗੂ ਹੋਣਗੀਆਂ।

8. <u>ਫੀਸ ਸਬੰਧੀ ਵੇਰਵਾ</u>:-

| Sr. No. | Name of Category | Total Fees |
|---|---|---|
| 1. | Ex-Serviceman, Economically Weaker Sections (EWS), Persons with Disabilities (PWD) and Lineal Descendants of Ex-Serviceman (LDESM) of Punjab State only. | Rs.500/- |
| | Scheduled Castes and Backward Classes of Punjab State only. | Rs.750/- |
| | All Other Categories | Rs.1500/- |

ਨੋਟ: ਉਮੀਦਵਾਰ ਦੁਆਰਾ ਇੱਕ ਵਾਰ ਅਦਾ ਕੀਤੀ ਫੀਸ ਕਿਸੇ ਵੀ ਸਥਿਤੀ ਵਿੱਚ ਵਾਪਸ ਨਹੀਂ ਹੋਵੇਗੀ।

9. Reservation/ਰਾਖਵਾਂਕਰਨ ਸਬੰਧੀ ਮਹੱਤਵਪੂਰਨ ਹਦਾਇਤਾਂ:-

(I) ਰਾਖਵਾਂਕਰਨ ਦਾ ਲਾਭ ਕੇਵਲ ਪੰਜਾਬ ਰਾਜ ਦੇ ਵਸਨੀਕਾਂ ਨੂੰ ਹੀ ਮਿਲਣਯੋਗ ਹੋਵੇਗਾ।

(II) ਰਾਖਵਾਂਕਰਨ ਦਾ ਲਾਭ ਲੈਣ ਲਈ ਉਮੀਦਵਾਰ ਪੰਜਾਬ ਦਾ ਵਸਨੀਕ ਹੋਣ ਸੰਬੰਧੀ ਸਰਟੀਫਿਕੇਟ (Domicile Certificate/Residence ਅਪਲੋਡ/ਪੇਸ਼ ਕਰੇਗਾ।) (ਇਹ ਸਰਟੀਫਿਕੇਟ ਹਰ ਉਮੀਦਵਾਰ (ਇਸਤਰੀ ਜਾਂ ਪੁਰਸ਼) ਵੱਲੋਂ ਚਾਹੇ ਉਹ ਕਿਸੇ ਵੀ ਕੈਟਾਗਰੀ ਨਾਲ ਸੰਬੰਧ ਰੱਖਦਾ ਹੋਵੇ, ਪੇਸ਼ ਕਰਨਾ ਲਾਜ਼ਮੀ ਹੈ।) ਇਹ ਸਰਟੀਫਿਕੇਟ ਅਪਲੋਡ/ਪੇਸ਼ ਕਰਨ ਸਮੇਂ 5 ਸਾਲ ਤੋਂ ਪੁਰਾਣਾ ਨਹੀਂ ਹੋਣਾ ਚਾਹੀਦਾ ਹੈ।

(III) ਅਨੁਸੂਚਿਤ ਜਾਤੀ/ਪੱਛੜੀ ਸ਼੍ਰੇਣੀ/ਸਾਬਕਾ ਫੌਜੀਆਂ/EWS ਦਾ ਸਰਟੀਫਿਕੇਟ ਪੰਜਾਬ ਸਰਕਾਰ ਦੀਆਂ ਪ੍ਰਚੱਲਤ ਹਦਾਇਤਾਂ ਅਨੁਸਾਰ ਹੋਣਾ ਲਾਜ਼ਮੀ ਹੈ।

(IV) ਇਨ੍ਹਾਂ ਅਸਾਮੀਆਂ ਦੀ ਭਰਤੀ ਪੰਜਾਬ ਸਰਕਾਰ ਦੀ Notification titled as The Punjab Civil Services (Reservation of Posts for Women) Rules, 2020 ਨੰਬਰ G.S.R. 87/Const/Art.309 and 15/2020 ਮਿਤੀ 21/10/2020 ਅਤੇ ਸਮੇਂ ਸਮੇਂ ਤੇ ਹੋਣ ਵਾਲੀਆਂ ਸੋਧਾਂ ਅਨੁਸਾਰ ਕੀਤੀ ਜਾਵੇਗੀ।

(V) ਵਿਮੁਕਤ ਜਾਤੀ ਨਾਲ ਸਬੰਧਤ ਉਮੀਦਵਾਰਾਂ ਤੇ ਪੰਜਾਬ ਸਰਕਾਰ ਵੱਲੋਂ ਸਮੇਂ ਸਮੇਂ ਤੇ ਜਾਰੀ ਹਦਾਇਤਾਂ ਲਾਗੂ ਹੋਣਗੀਆਂ।

(VI) ਸਾਬਕਾ ਫੌਜ਼ੀ ਕੈਟਾਗਰੀ ਦੀਆਂ ਅਸਾਮੀਆਂ ਸਾਬਕਾ ਫੌਜ਼ੀ ਸੈਲਫ ਉਮੀਦਵਾਰਾਂ ਵਿੱਚੋਂ ਭਰੀਆਂ ਜਾਣਗੀਆਂ। ਸਾਬਕਾ ਫੌਜੀ ਸੈਲਫ ਉਮੀਦਵਾਰ ਉਪਲਬਧ ਨਾ ਹੋਣ ਦੀ ਸਥਿਤੀ ਵਿੱਚ ਹੀ ਇਹ ਅਸਾਮੀਆਂ ਸਾਬਕਾ ਫੌਜੀ (ਆਸ਼ਰਿਤ) ਉਮੀਦਵਾਰਾਂ ਵਿੱਚੋਂ ਭਰੀਆਂ ਜਾਣਗੀਆਂ।

(VII) ਪੰਜਾਬ ਸਰਕਾਰ, ਰੱਖਿਆ ਸੇਵਾਵਾਂ ਭਲਾਈ ਵਿਭਾਗ ਦੇ ਨੋਟੀਫਿਕੇਸ਼ਨ ਮਿਤੀ 08/05/2020 ਮੁਤਾਬਿਕ ਜੇਕਰ ਕਿਸੇ ਅਸਾਮੀ ਵਿਰੁੱਧ ਸਾਬਕਾ ਫੌਜ਼ੀ ਖੁਦ ਜਾਂ ਸਾਬਕਾ ਫੌਜ਼ੀ ਆਸ਼ਰਿਤ ਉਮੀਦਵਾਰ ਉਪਲੱਬਧ ਨਹੀਂ ਹੁੰਦਾ ਤਾਂ ਇਹ ਅਸਾਮੀ ਹੇਠ ਲਿਖੇ ਨਿਯਮ ਅਨੁਸਾਰ ਭਰੀ ਜਾਵੇਗੀ :-

In the Punjab Recruitment of Ex-Servicemen Rules, 1982, in rule 4, in sub-rule (1), for the existing third proviso, the following proviso shall be substituted, namely:-

"Provided further that when an ex-serviceman is not available for recruitment against a reserved vacancy and further no wife or dependent child of an Ex-serviceman is available for recruitment against a reserved vacancy, such shall be reserved to be filled in by recruitment of the grand child of a Gallantry Award Winner, in case the benefit of reservation has not been availed of by any of the children or

dependents of such winner or by the winner himself subject to the conditions specified in the second provision."

10. <u>ਚੋਣ ਵਿਧੀ/ਪ੍ਰੀਖਿਆ ਸੰਬੰਧੀ ਜਾਣਕਾਰੀ</u>:-

1. ਪ੍ਰਕਾਸ਼ਿਤ ਕੀਤੀਆਂ ਅਸਾਮੀਆਂ ਲਈ ਸਫਲਤਾਪੂਰਵਕ ਅਪਲਾਈ ਕਰਨ ਵਾਲੇ ਉਮੀਦਵਾਰਾਂ ਦੀ Objective Type {Multiple Choice Question(MCQ)} ਲਿਖਤੀ ਪ੍ਰੀਖਿਆ ਲਈ ਜਾਏਗੀ।
2. ਉਮੀਦਵਾਰਾਂ ਦੀ ਮੈਰਿਟ ਸੂਚੀ (Merit List) ਲਿਖਤੀ ਪ੍ਰੀਖਿਆ ਵਿੱਚ ਪ੍ਰਾਪਤ ਅੰਕਾਂ ਦੇ ਆਧਾਰ ਤੇ ਤਿਆਰ ਕੀਤੀ ਜਾਏਗੀ।
3. ਲਿਖਤੀ ਪ੍ਰੀਖਿਆ ਵਿੱਚ ਜੇਕਰ ਮੈਰਿਟ ਦੀ ਬਰਾਬਰਤਾ ਸੰਬੰਧੀ ਕੋਈ ਮਾਮਲਾ ਸਾਹਮਣੇ ਆਉਂਦਾ ਹੈ ਤਾਂ ਇਸ ਸਬੰਧੀ ਬਰਾਬਰ ਅੰਕ ਹਾਸਿਲ ਉਮੀਦਵਾਰਾਂ ਦੀ ਜਨਮ ਮਿਤੀ ਨੂੰ ਵਿਚਾਰਿਆ ਜਾਵੇਗਾ ਅਤੇ ਵੱਧ ਉਮਰ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ। ਜੇਕਰ ਬਰਾਬਰ ਮੈਰਿਟ ਹਾਸਿਲ ਉਮੀਦਵਾਰਾਂ ਦੀ ਜਨਮ ਮਿਤੀ ਮੁਤਾਬਿਕ ਉਮਰ ਵਿੱਚ ਵੀ ਬਰਾਬਰਤਾ ਪਾਈ ਜਾਂਦੀ ਹੈ ਤਾਂ ਇਸ ਸਬੰਧੀ ਉਮੀਦਵਾਰ ਦੀ ਮੰਗੀ ਵਿੱਦਿਅਕ ਯੋਗਤਾ ਦੀ ਪ੍ਰਤੀਸ਼ਤਤਾ ਨੂੰ ਵਿਚਾਰਦੇ ਹੋਏ ਵੱਧ ਅੰਕ ਹਾਸਿਲ ਕਰਨ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ ਅਤੇ ਜੇਕਰ ਉਪਰੋਕਤ ਦੋਵੇਂ ਸਥਿਤੀਆਂ ਵਿੱਚ ਵੀ ਅੰਕਾਂ ਦੀ ਬਰਾਬਰਤਾ ਦਾ ਵਿਵਾਦ ਨਹੀਂ ਸੁਲਝਦਾ ਹੈ ਤਾਂ ਅੰਤ ਵਿੱਚ ਮੈਟ੍ਰਿਕ ਦੇ ਅੰਕਾਂ ਨੂੰ ਵਿਚਾਰਦੇ ਹੋਏ ਮੈਟ੍ਰਿਕ ਵਿਚ ਵੱਧ ਅੰਕ ਹਾਸਿਲ ਕਰਨ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ।
4. ਮੈਰਿਟ ਸੂਚੀ ਦੇ ਆਧਾਰ ਤੇ ਉਮੀਦਵਾਰਾਂ ਨੂੰ ਹਰ ਤਰ੍ਹਾਂ ਦੇ ਦਸਤਾਵੇਜਾਂ ਦੀ ਪੜਤਾਲ/ਵੈਰੀਫਿਕੇਸ਼ਨ ਕਰਨ ਲਈ ਕਾਉਂਸਲਿੰਗ ਲਈ ਬੁਲਾਇਆ ਜਾਏਗਾ। ਕਾਉਂਸਲਿੰਗ ਲਈ ਬੁਲਾਏ ਜਾਣ ਵਾਲੇ ਉਮੀਦਵਾਰਾਂ ਦੀ ਗਿਣਤੀ ਦਾ ਫੈਸਲਾ ਬੋਰਡ ਜਾਂ ਬੋਰਡ ਦੀ ਸਮਰੱਥ ਅਥਾਰਟੀ/ਅਧਿਕਾਰੀ ਵੱਲੋਂ ਸ਼੍ਰੇਣੀ ਵਾਈਜ ਅਸਾਮੀਆਂ ਦੀ ਗਿਣਤੀ ਨੂੰ ਧਿਆਨ ਵਿੱਚ ਰੱਖਦੇ ਹੋਏ ਲਿਆ ਜਾਏਗਾ। ਇਸ ਉਪਰੰਤ ਕਾਉਂਸਲਿੰਗ ਉਪਰੰਤ ਮੁਕੰਮਲ ਤੌਰ ਤੇ ਸਫਲ/ਯੋਗ ਪਾਏ ਗਏ ਉਮੀਦਵਾਰਾਂ ਦੇ ਨਾਮ ਅਸਾਮੀਆਂ ਦੀ ਉਸ ਸਮੇਂ ਦੀ ਮੌਜੂਦਾ ਗਿਣਤੀ (ਜੋ ਕਿ ਸਬੰਧਤ ਵਿਭਾਗ ਦੇ ਹੁਕਮਾਂ/ਹਦਾਇਤਾਂ ਅਨੁਸਾਰ ਭਰਤੀ ਪ੍ਰਕੀਰਿਆ ਦੌਰਾਨ ਕਿਸੇ ਵੀ ਸਮੇਂ ਘਟਾਈ ਜਾਂ ਵਧਾਈ ਜਾ ਸਕਦੀ ਹੈ) ਅਨੁਸਾਰ ਸਬੰਧਤ ਵਿਭਾਗ ਨੂੰ ਸਿਫਾਰਸ਼ ਕੀਤੇ ਜਾਣਗੇ।
5. ਆਨਲਾਈਨ ਅਪਲਾਈ ਕਰਨ ਜਾਂ ਲਿਖਤੀ ਪੇਪਰ ਵਿੱਚ ਅਪੀਅਰ ਹੋਣ ਜਾਂ ਮੈਰਿਟ ਸੂਚੀ ਵਿੱਚ ਨਾਮ ਆਉਣ ਜਾਂ ਕਾਉਂਸਲਿੰਗ ਲਈ ਬੁਲਾਏ ਜਾਣ ਨਾਲ ਉਮੀਦਵਾਰ ਅਸਾਮੀ ਲਈ ਸਿਫਾਰਸ਼ ਹੋਣ ਦਾ ਅਧਿਕਾਰੀ ਨਹੀਂ ਬਣ ਜਾਵੇਗਾ। ਅਸਾਮੀਆਂ ਲਈ ਹਰ ਪੱਖੋਂ ਉਮੀਦਵਾਰ ਦੀ ਯੋਗਤਾ ਸਿੱਧ ਹੋਣ ਉਪਰੰਤ ਹੀ ਲਿਖਤੀ ਪ੍ਰੀਖਿਆ ਦੀ ਮੈਰਿਟ ਦੇ ਆਧਾਰ ਤੇ ਉਸਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕੀਤਾ ਜਾਏਗਾ। ਉਮੀਦਵਾਰ ਵੱਲੋਂ ਆਪਣੀ ਯੋਗਤਾ ਸਿੱਧ ਨਾ ਕਰ ਸਕਣ ਦੀ ਸਥਿਤੀ ਵਿੱਚ ਉਸਦੀ ਪਾਤਰਤਾ ਰੱਦ ਕਰ ਦਿੱਤੀ ਜਾਏਗੀ ਅਤੇ ਇਸ ਸਬੰਧੀ ਬੋਰਡ ਵੱਲੋਂ ਲਿਆ ਗਿਆ ਫੈਸਲਾ ਅੰਤਿਮ ਹੋਵੇਗਾ।
6. ਕਾਉਂਸਲਿੰਗ ਲਈ ਬੁਲਾਏ ਗਏ ਉਮੀਦਵਾਰਾਂ ਨੂੰ ਉਨ੍ਹਾਂ ਦੀ ਯੋਗਤਾ/ਪਾਤਰਤਾ ਦੇ ਆਧਾਰ ਤੇ ਬਿਨੈ ਕਰਨ ਵਾਲੀ ਸ਼੍ਰੇਣੀ/ਅਸਾਮੀ ਕੋਡ ਵਿੱਚ ਹੀ ਵਿਚਾਰਿਆ ਜਾਵੇਗਾ।
7. ਲਿਖਤੀ ਪ੍ਰੀਖਿਆ ਲਈ ਰੋਲ ਨੰਬਰ, ਸਲੇਬਸ ਅਤੇ ਹੋਰ ਜਾਣਕਾਰੀ ਬੋਰਡ ਦੀ ਵੈੱਬਸਾਈਟ https://sssb.punjab.gov.in ਤੇ ਸਮੇਂ-ਸਮੇਂ ਤੇ ਜਾਰੀ ਕੀਤੀ ਜਾਵੇਗੀ। ਇਸ ਲਈ ਉਮੀਦਵਾਰ ਸਮੇਂ ਸਮੇਂ ਤੇ ਬੋਰਡ ਦੀ ਵੈੱਬਸਾਈਟ ਚੈੱਕ ਕਰਦੇ ਰਹਿਣਗੇ। ਕਿਸੇ ਵੀ ਉਮੀਦਵਾਰ ਨਾਲ ਵਿਅਕਤੀਗਤ ਤੌਰ ਤੇ

ਪੱਤਰ ਵਿਹਾਰ ਨਹੀਂ ਕੀਤਾ ਜਾਵੇਗਾ, ਜੇਕਰ ਕੋਈ ਉਮੀਦਵਾਰ ਵੈੱਬਸਾਈਟ ਚੈੱਕ ਨਹੀਂ ਕਰਦਾ ਤਾਂ ਬਾਅਦ ਵਿੱਚ ਉਸਦਾ ਕੋਈ ਕਲੇਮ ਮੰਨਣਯੋਗ ਨਹੀਂ ਹੋਵੇਗਾ।

11. <u>ਉਮੀਦਵਾਰ ਨੂੰ ਅਯੋਗ ਕਰਾਰ ਦੇਣ ਜਾਂ ਪਾਤਰਤਾ ਰੱਦ ਕਰਨ ਦੀਆਂ ਸ਼ਰਤਾਂ</u>:

ਹੇਠ ਲਿਖੀ ਕਿਸੇ ਵੀ ਸਥਿਤੀ ਵਿੱਚ ਉਮੀਦਵਾਰ ਨੂੰ ਅਯੋਗ ਕਰਾਰ ਦਿੰਦੇ ਹੋਏ ਉਸਦੀ ਪਾਤਰਤਾ ਰੱਦ ਕਰ ਦਿੱਤੀ ਜਾਏਗੀ:

(I) ਪੂਰੀ ਫੀਸ ਪ੍ਰਾਪਤ ਨਾ ਹੋਣਾ ਜਾਂ ਨਿਰਧਾਰਤ ਵਿਧੀ ਅਨੁਸਾਰ ਫੀਸ ਜਮ੍ਹਾਂ ਨਾ ਕਰਵਾਉਣਾ,

(II) ਬਿਨੈ-ਪੱਤਰ ਵਿੱਚ ਅਧੂਰੀ ਜਾਂ ਗਲਤ ਸੂਚਨਾ ਭਰਨਾ,

(III) ਆਨਲਾਈਨ ਅਪਲਾਈ ਕਰਨ ਦੀ ਪੂਰੀ ਪ੍ਰਕੀਰਿਆ ਮੁਕੰਮਲ ਨਾ ਕਰਨਾ,

(IV) ਅਧੀਨ ਸੇਵਾਵਾਂ ਚੋਣ ਬੋਰਡ ਜਾਂ ਕਿਸੇ ਹੋਰ ਸੰਸਥਾ ਵੱਲੋਂ ਅਯੋਗ ਕਰਾਰ ਦਿੱਤਾ ਹੋਣਾ,

(V) ਵਿੱਦਿਅਕ ਯੋਗਤਾ, ਉਮਰ, ਰਾਖਵਾਂਕਰਨ ਜਾਂ ਭਰਤੀ ਦੀਆਂ ਹੋਰ ਸ਼ਰਤਾਂ ਪੂਰੀਆਂ ਨਾ ਹੋਣਾ,

(VI) ਬੋਰਡ ਦੀ ਵੈੱਬਸਾਈਟ https://sssb.punjab.gov.in ਤੇ ਆਨਲਾਈਨ ਅਪਲਾਈ ਕਰਨ ਦੀ ਪ੍ਰਕੀਰਿਆ ਦੀ ਥਾਂ ਕਿਸੇ ਹੋਰ ਪ੍ਰਕੀਰਿਆ ਰਾਹੀਂ ਅਪਲਾਈ ਕਰਨਾ।

(VII) ਜੇਕਰ ਕੋਈ ਉਮੀਦਵਾਰ ਉਕਤ ਅਸਾਮੀਆਂ ਲਈ ਅਜਿਹੀ ਸ਼੍ਰੇਣੀ/ਕੋਡ ਦੇ ਵਿਰੁੱਧ ਅਪਲਾਈ ਕਰਦਾ ਹੈ, ਜਿਸ ਕੈਟਾਗਰੀ ਦੀ ਕੋਈ ਅਸਾਮੀ ਇਸ਼ਤਿਹਾਰ ਵਿੱਚ ਸ਼ਾਮਿਲ ਨਾ ਕੀਤੀ ਹੋਵੇ।

(VIII) ਕੇਂਦਰ/ ਰਾਜ ਸਰਕਾਰ ਅਧੀਨ ਕੰਮ ਕਰਦੇ ਉਮੀਦਵਾਰ ਦੀ ਯੋਗ ਪ੍ਰਣਾਲੀ ਰਾਹੀਂ ਅਰਜ਼ੀ ਪ੍ਰਾਪਤ ਨਾ ਹੋਣਾ।

12. <u>ਅਪਲਾਈ ਕਰਨ ਦੀ ਵਿਧੀ</u>:

(I) ਉਮੀਦਵਾਰ ਬੋਰਡ ਦੀ ਵੈਬਸਾਈਟ https://sssb.punjab.gov.in ਤੇ “Online Applications” ਅਧੀਨ ਮੁਹੱਈਆ ਲਿੰਕ ਤੇ ਕਲਿਕ ਕਰਕੇ ਮਿਤੀ 19.11.2025 ਤੋਂ 12.12.2025 ਤੱਕ ਕੇਵਲ ਆਨਲਾਈਨ ਹੀ ਅਪਲਾਈ ਕਰ ਸਕਦੇ ਹਨ। ਹੋਰ ਕਿਸੇ ਵੀ ਵਿਧੀ ਰਾਹੀਂ ਪ੍ਰਾਪਤ ਐਪਲੀਕੇਸ਼ਨ ਸਵੀਕਾਰ ਨਹੀਂ ਕੀਤੀ ਜਾਵੇਗੀ ਅਤੇ ਰੱਦ ਸਮਝੀ ਜਾਵੇਗੀ।

(II) ਆਨਲਾਈਨ ਅਪਲਾਈ ਕਰਨ ਦੀਆਂ ਹਦਾਇਤਾਂ (procedure) ਬੋਰਡ ਦੀ ਵੈਬਸਾਈਟ ਤੇ ਮੌਜੂਦ ਇਸ ਭਰਤੀ ਦੇ ਲਿੰਕ ਹੇਠ ਟਾਈਟਲ “Instructions for applying online” ਹੇਠ ਦਰਜ਼ ਹਨ। ਉਮੀਦਵਾਰ ਇਸ ਲਿੰਕ ਤੇ ਕਲਿਕ ਕਰਨ ਉਪਰੰਤ ਇੰਨ੍ਹਾਂ ਹਦਾਇਤਾਂ ਨੂੰ ਧਿਆਨ ਨਾਲ ਪੜ੍ਹ ਕੇ ਹੀ ਹਰ ਇੱਕ Step ਨੂੰ ਸਫਲਤਾਪੂਰਵਕ ਮੁਕੰਮਲ ਕਰਨ।

(III) ਉਮੀਦਵਾਰ ਬੋਰਡ ਦੀ ਵੈਬਸਾਈਟ ਤੇ ਮੌਜੂਦ ਭਰਤੀ ਦੇ ਲਿੰਕ ਤੇ ਕਲਿਕ ਕਰਕੇ ਸਭ ਤੋਂ ਪਹਿਲਾਂ ਨਿੱਜੀ ਡਿਟੇਲ ਭਰਕੇ ਰਜਿਸਟਰੇਸ਼ਨ ਕਰਨਗੇ। ਰਜਿਸਟਰੇਸ਼ਨ ਸਫਲ ਹੋਣ ਉਪਰੰਤ Username ਅਤੇ Password Generate ਹੋ ਜਾਏਗਾ, ਜਿਸਦੀ ਵਰਤੋਂ ਕਰਕੇ ਉਮੀਦਵਾਰ ਫਿਰ ਤੋਂ Login ਕਰਕੇ Step-wise ਹਰ ਪੱਖੋਂ ਮੁੰਕਮਲ Application Form ਭਰਨਗੇ ਅਤੇ ਇਸਨੂੰ Submit ਕਰਨਗੇ। ਪ੍ਰੰਤੂ ਇਹ Application Form ਫੀਸ ਦੀ ਸਫਲਤਾਪੂਰਵਕ ਅਦਾਇਗੀ ਹੋਣ ਉਪਰੰਤ ਹੀ ਸਵੀਕਾਰ ਕੀਤਾ ਜਾਵੇਗਾ।

(IV) ਉਮੀਦਵਾਰ Online Application Form ਭਰਨ ਸਮੇਂ ਆਪਣੀ ਪਾਸਪੋਰਟ ਸਾਈਜ਼ ਫੋਟੋਗਰਾਫ, ਹਸਤਾਖਰ ਅਤੇ ਲੋੜੀਂਦੇ ਵਿਦਿਅਕ ਯੋਗਤਾ ਜਿਵੇਂ ਕਿ ਮੈਟਰਿਕ ਦਾ ਜਨਮ ਮਿਤੀ ਵਾਲਾ ਸਰਟੀਫਿਕੇਟ, ਤਕਨੀਕੀ ਯੋਗਤਾ ਅਤੇ ਕੈਟਾਗਰੀ ਆਦਿ ਨਾਲ ਸਬੰਧਤ ਸਰਟੀਫਿਕੇਟ ਸਕੈਨ ਕਰਕੇ ਅਪਲੋਡ ਕਰਨਗੇ। ਇੰਨ੍ਹਾਂ ਦਸਤਾਵੇਜਾਂ ਦੇ ਅਪਲੋਡ ਹੋਣ ਅਤੇ ਮੁਕੰਮਲ Online Application --Form Submit ਹੋਣ ਉਪਰੰਤ ਹੀ ਫੀਸ ਜਮ੍ਹਾ/ਅਦਾ ਕੀਤੀ ਜਾ ਸਕੇਗੀ।

(V) ਅਪਲਾਈ ਕਰਨ ਦੀ ਲੋੜੀਂਦੀ ਫੀਸ ਜਮ੍ਹਾਂ ਕਰਵਾਉਣ ਦੀ ਆਖਰੀ ਮਿਤੀ 15.12.2025 ਹੋਵੇਗੀ। ਫੀਸ ਭਰਨ ਲਈ ਉਮੀਦਵਾਰ ਨੂੰ ਰਜਿਸਟਰੇਸ਼ਨ ਕਰਵਾਉਣ ਉਪਰੰਤ Login ਕਰਨਗੇ। Login ਕਰਨ ਉਪਰੰਤ ਉਮੀਦਵਾਰ “Proceed to Fee Payment” ਤੇ ਕਲਿਕ ਕਰਕੇ ਅਪਣੀ ਫੀਸ ਪੇ ਕਰਨਗੇ।

(VI) ਉਮੀਦਵਾਰ Online Application Submit ਕਰਨ ਉਪਰੰਤ ਫੀਸ ਦਾ ਭੁਗਤਾਨ ਕਰ ਸਕਣਗੇ। ਉਮੀਦਵਾਰ Online Application Form Submit/ਜਮ੍ਹਾਂ ਹੋਣ ਦੀ ਮਿਤੀ ਤੋਂ 2 ਦਿਨ ਬਾਅਦ ਫੀਸ ਅਦਾ ਕਰਨ ਦੀ ਆਖਰੀ **ਮਿਤੀ** 15.12.2025, ਕਿਸੇ ਵੀ ਕੰਮ-ਕਾਜ ਵਾਲੇ ਦਿਨ ਸਟੇਟ ਬੈਂਕ ਆਫ ਇੰਡੀਆ (State Bank of India) ਦੀ ਕਿਸੇ ਵੀ ਸ਼ਾਖਾ ਵਿੱਚ ਚਲਾਨ ਰਾਹੀਂ ਜਾਂ Net Banking ਜਾਂ Credit Card ਜਾਂ Debit Card ਜਾਂ UPI ਰਾਹੀਂ ਫੀਸ ਜਮ੍ਹਾ ਕਰਵਾ ਸਕਣਗੇ। ਕਿਸੇ ਕਾਰਨ ਫੀਸ ਜਮਾਂ ਨਾ ਹੋਣ ਦੀ ਸੂਰਤ ਵਿੱਚ ਬੋਰਡ ਦੀ ਕੋਈ ਜੁੰਮੇਵਾਰੀ ਨਹੀਂ ਹੋਵੇਗੀ।

(VII) ਉਮੀਦਵਾਰ ਦੁਆਰਾ ਲੋੜੀਂਦੀ ਫੀਸ ਜਮ੍ਹਾ ਕਰਵਾਉਣ ਉਪਰੰਤ ਹੀ Online ਅਪਲਾਈ ਕਰਨ ਦੀ ਪ੍ਰਕਿਰਿਆ ਮੁਕੰਮਲ ਹੋ ਸਕੇਗੀ ਅਤੇ Online Application Form ਸਵੀਕਾਰ ਕੀਤਾ ਜਾਵੇਗਾ। **ਇਸ ਉਪਰੰਤ ਹੀ ਫੀਸ ਅਦਾ ਕਰਨ ਦੀ ਮਿਤੀ ਤੋਂ ਬਾਅਦ ਦੋ ਦਿਨ ਛੱਡ ਕੇ ਅਗਲੀ ਮਿਤੀ ਤੋਂ Online Application Form Generate/Download ਹੋ ਸਕੇਗਾ। ਉਮੀਦਵਾਰ ਇਸ ਫਾਰਮ ਦਾ ਪ੍ਰਿੰਟ ਲੈ ਕੇ ਭਵਿੱਖ ਲਈ ਸੰਭਾਲ ਕੇ ਰੱਖਣ ਲਈ ਜਿੰਮੇਵਾਰ ਹੋਣਗੇ।**

(VIII) ਜੇਕਰ ਉਮੀਦਵਾਰ ਵੱਲੋਂ ਆਨਲਾਈਨ ਫਾਰਮ ਭਰਨ ਸਮੇਂ ਕੋਈ ਗਲਤੀ ਹੋ ਜਾਂਦੀ ਹੈ ਤਾਂ ਸਿਰਫ Application form online submit ਕਰਨ ਤੋਂ ਪਹਿਲਾਂ ਹੀ ਉਸ ਪਾਸ ਫਾਰਮ ਵਿੱਚ ਸੋਧ ਕਰਨ ਦਾ ਮੌਕਾ ਹੋਵੇਗਾ। ਉਮੀਦਵਾਰ ਦੁਆਰਾ ਇੱਕ ਵਾਰ Application Form ਸਬਮਿਟ ਕਰਨ ਉਪਰੰਤ ਕਿਸੇ ਵੀ ਹਾਲਤ ਵਿੱਚ ਇਸ ਵਿੱਚ ਕਿਸੇ ਵੀ ਤਰ੍ਹਾਂ ਦੀ ਸੋਧ ਨਹੀਂ ਕੀਤੀ ਜਾ ਸਕੇਗੀ ਅਤੇ ਨਾ ਹੀ ਭਵਿੱਖ ਵਿੱਚ ਸੋਧ ਕਰਨ ਸਬੰਧੀ ਉਮੀਦਵਾਰ ਦੀ ਕੋਈ ਪ੍ਰਤੀਬੇਨਤੀ/ਮੰਗ ਦਫਤਰ ਵੱਲੋਂ ਸਵੀਕਾਰ ਕੀਤੀ ਜਾਏਗੀ।

(IX) ਕਿਸੇ ਵੀ ਉਮੀਦਵਾਰ ਨੂੰ ਫੀਸ ਦੀ ਮੁਆਫੀ/ਛੋਟ ਨਹੀਂ ਦਿੱਤੀ ਜਾਵੇਗੀ ਅਤੇ ਫੀਸ ਦਾ ਭੁਗਤਾਨ ਨਾ ਕਰਨ ਦੀ ਹਾਲਤ ਵਿੱਚ ਉਸਦਾ Application Form ਅਧੂਰਾ ਸਮਝਦੇ ਹੋਏ ਸਵੀਕਾਰ ਨਹੀਂ ਕੀਤਾ ਜਾਏਗਾ ਅਤੇ ਉਸਦੀ ਅਰਜੀ/ਪਾਤਰਤਾ ਮੁੱਢ ਤੋਂ ਹੀ ਰੱਦ ਸਮਝੀ ਜਾਵੇਗੀ।

(X) ਕਿਸੇ ਹੋਰ ਵਿਧੀ ਰਾਹੀਂ ਭੇਜੀ ਗਈ ਅਰਜੀ ਜਾਂ ਕਿਸੇ ਹੋਰ ਵਿਧੀ ਰਾਹੀਂ ਜਮ੍ਹਾਂ ਕਰਵਾਈ ਗਈ ਫੀਸ ਨੂੰ ਵੈਲਿਡ (valid) ਨਹੀਂ ਮੰਨਿਆ ਜਾਵੇਗਾ ਅਤੇ ਅਜਿਹੀ ਅਰਜੀ ਨੂੰ ਸਵੀਕਾਰ ਨਾ ਕਰਦੇ ਹੋਏ ਰੱਦ ਕਰ ਦਿੱਤਾ ਜਾਏਗਾ।

(XI) Challan/Net Banking/Credit Card/Debit Card ਰਾਹੀਂ ਅਦਾ ਕੀਤੀ ਗਈ ਫੀਸ ਦੀ Transaction ਕਿਸੇ ਵੀ ਕਾਰਨ ਕਰਕੇ ਅਸਫਲ ਹੋਣ ਦੀ ਸਥਿਤੀ ਵਿੱਚ ਉਮੀਦਵਾਰ ਦੀ Application ਜਮ੍ਹਾਂ ਨਹੀਂ ਹੋਈ ਮੰਨੀ ਜਾਵੇਗੀ ਅਤੇ ਇੱਕ ਵਾਰ ਅਦਾ ਕੀਤੀ ਫੀਸ ਨਾ-ਮੋੜਨਯੋਗ ਹੋਵੇਗੀ।

13. <u>ਬਿਨੈਕਾਰਾਂ ਦੇ ਧਿਆਨ ਹਿਤ ਜ਼ਰੂਰੀ ਹਦਾਇਤਾਂ</u>:

(ੳ) ਉਮੀਦਵਾਰ ਕੈਟਾਗਰੀ ਅਤੇ ਕੈਟਾਗਰੀ ਕੋਡ ਦਾ ਧਿਆਨ ਰੱਖਦੇ ਹੋਏ ਆਨਲਾਈਨ ਫਾਰਮ ਭਰਨ ਕਿਉਂਕਿ ਫਾਰਮ ਭਰਨ ਉਪਰੰਤ ਕਿਸੇ ਵੀ ਸਟੇਜ ਤੇ ਕੈਟਾਗਰੀ ਅਤੇ ਕੈਟਾਗਰੀ ਕੋਡ ਤਬਦੀਲ ਨਹੀਂ ਕੀਤਾ ਜਾ ਸਕੇਗਾ।

(ਅ) ਆਨਲਾਈਨ ਫਾਰਮ ਭਰਨ ਸਮੇਂ ਹੋਈ ਕਿਸੇ ਵੀ ਗਲਤੀ ਲਈ ਉਮੀਦਵਾਰ ਖੁਦ ਜਿੰਮੇਵਾਰ ਹੋਵੇਗਾ। ਉਮੀਦਵਾਰ ਵੱਲੋਂ ਇੱਕ ਵਾਰ ਸਬਮਿਟ ਕੀਤਾ ਗਿਆ ਡਾਟਾ ਕਿਸੇ ਵੀ ਹਾਲਤ ਵਿੱਚ ਬਦਲਣ ਦੀ ਆਗਿਆ ਨਹੀਂ ਹੋਵੇਗੀ।

(ੲ) ਉਮੀਦਵਾਰਾਂ ਨੂੰ ਇਹ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਇੰਨ੍ਹਾਂ ਅਸਾਮੀਆਂ ਲਈ ਖੁਦ ਆਨਲਾਈਨ ਅਪਲਾਈ ਕਰਨ। ਉਮੀਦਵਾਰ ਫਾਰਮ ਭਰਨ ਲਈ ਕਿਸੇ ਹੋਰ ਵਿਅਕਤੀ/ਸਾਈਬਰ ਕੈਫੇ ਅਟੈਂਡੈਂਟ ਦੀ ਮੱਦਦ ਨਾ ਲਵੇ। ਜੇਕਰ ਫਾਰਮ ਭਰਨ ਵਿੱਚ ਕੋਈ ਗਲਤੀ ਹੋ ਜਾਂਦੀ ਹੈ ਤਾਂ ਫਾਰਮ ਵਿੱਚ ਕੋਈ ਸੋਧ ਨਹੀਂ ਕੀਤੀ ਜਾਵੇਗੀ।

(ਸ) ਆਨਲਾਈਨ ਅਪਲਾਈ ਕਰਨ ਸਮੇਂ ਉਮੀਦਵਾਰ ਲੋੜੀਂਦੇ ਸਰਟੀਫਿਕੇਟ PDF ਫਾਰਮੈਂਟ ਵਿੱਚ ਇੱਕ ਹੀ ਫਾਇਲ ਵਿੱਚ ਸਕੈਨ ਕਰਕੇ ਨਾਲ ਹੀ ਅਪਲੋਡ ਕਰਨਗੇ।

(ਹ) ਉਮੀਦਵਾਰਾਂ ਨੂੰ ਇਹ ਹਦਾਇਤ ਕੀਤੀ ਜਾਂਦੀ ਹੈ ਕਿ ਭਰਤੀ ਸਬੰਧੀ ਹਰ ਤਰ੍ਹਾਂ ਦੀ ਜਾਣਕਾਰੀ ਜਿਵੇਂ ਕਿ ਪ੍ਰੀਖਿਆ ਦੀ ਮਿਤੀ/ਸ਼ਡਿਊਲ, Admit Card, ਪ੍ਰੀਖਿਆ ਕੇਂਦਰ ਦੀ ਜਾਣਕਾਰੀ, ਨਤੀਜਾ, ਮੈਰਿਟ ਸੂਚੀ ਜਾਂ ਭਰਤੀ ਪ੍ਰਕੀਰਿਆ ਸਬੰਧੀ ਭਵਿੱਖ ਵਿੱਚ ਸਮੇਂ-ਸਮੇਂ ਤੇ ਜਾਰੀ ਹੋਣ ਵਾਲੀ ਹੋਰ ਜਾਣਕਾਰੀ/ਨੋਟਿਸ/ਤਬਦੀਲੀ ਸਿਰਫ ਬੋਰਡ ਦੀ ਵੈੱਬਸਾਈਟ ਤੇ ਹੀ ਅਪਲੋਡ (upload) ਕੀਤੀ ਜਾਏਗੀ। **ਇਸ ਸਬੰਧੀ ਉਮੀਦਵਾਰਾਂ ਨੂੰ ਵੱਖਰੇ ਅਤੇ ਵਿਅਕਤੀਗਤ ਤੌਰ ਤੇ ਕੋਈ ਸੂਚਨਾ ਨਹੀਂ ਭੇਜੀ ਜਾਏਗੀ।** ਸੋ ਜਦ ਤੱਕ ਭਰਤੀ ਪ੍ਰਕਿਰਿਆ ਮੁਕੰਮਲ ਨਹੀਂ ਹੋ ਜਾਂਦੀ ਤਦ ਤੱਕ ਉਮੀਦਵਾਰਾਂ ਨੂੰ Latest updates ਲਈ ਬੋਰਡ ਦੀ ਵੈੱਬਸਾਈਟ ਲਾਜ਼ਮੀ ਤੌਰ ਤੇ ਚੈੱਕ ਕਰਦੇ ਰਹਿਣਾ ਹੋਵੇਗਾ। ਅਜਿਹਾ ਨਾ ਕਰਨ ਦੀ ਸਥਿਤੀ ਵਿੱਚ ਉਮੀਦਵਾਰ ਨੂੰ ਹੋਣ ਵਾਲੇ ਕਿਸੇ ਵੀ ਨੁਕਸਾਨ ਦੀ ਜਿੰਮੇਵਾਰੀ ਅਧੀਨ ਸੇਵਾਵਾਂ ਚੋਣ ਬੋਰਡ ਦੀ ਨਹੀਂ ਹੋਵੇਗੀ ਅਤੇ ਨਾ ਹੀ ਇਸ ਸਬੰਧੀ ਕੋਈ ਸੁਣਵਾਈ ਦਾ ਮੌਕਾ ਦਿੱਤਾ ਜਾਏਗਾ।

(ੳ) ਉਮੀਦਵਾਰ ਕਾਊਂਸਲਿੰਗ ਸਮੇਂ ਲੋੜੀਂਦੀ ਵਿੱਦਿਅਕ ਯੋਗਤਾ, ਤਕਨੀਕੀ ਯੋਗਤਾ ਅਤੇ ਰਾਖਵਾਂਕਰਨ ਨਾਲ ਸਬੰਧਤ ਆਪਣੇ ਅਸਲ ਸਰਟੀਫਿਕੇਟ ਅਤੇ ਉਨ੍ਹਾਂ ਦੀਆਂ ਤਸਦੀਕਸ਼ੁਦਾ ਕਾਪੀਆਂ ਪੇਸ਼ ਕਰਨਗੇ।

(ਅ) ਲਿਖਤੀ ਪ੍ਰੀਖਿਆ ਅਤੇ ਕਾਊਂਸਲਿੰਗ ਲਈ ਆਉਣ ਵਾਲੇ ਉਮੀਦਵਾਰਾਂ ਨੂੰ ਕੋਈ ਟੀ.ਏ./ਡੀ.ਏ. ਅਦਾ ਨਹੀਂ ਕੀਤਾ ਜਾਵੇਗਾ।

(ੲ) ਇਸ ਭਰਤੀ ਸਬੰਧੀ ਹੋਰ ਜਾਣਕਾਰੀ ਪ੍ਰਾਪਤ ਕਰਨ ਲਈ ਕਿਸੇ ਵੀ ਕੰਮ-ਕਾਜ ਵਾਲੇ ਦਿਨ ਦਫ਼ਤਰੀ ਸਮੇਂ ਦੌਰਾਨ ਬੋਰਡ ਦੇ ਦਫਤਰੀ ਫੋਨ ਨੰ: 0172-2298000 (ਐਕਸਟੈਂਸਨ 5106 ਅਤੇ 5107), 0172-2298083, ਹੈਲਪਲਾਈਨ ਨੰਬਰ 9646932955, 9041799018 ਤੇ ਅਤੇ ਈਮੇਲ ਆਈ.ਡੀ. helpsssb.pb@gmail.com ਤੇ ਸੰਪਰਕ ਕੀਤਾ ਜਾ ਸਕਦਾ ਹੈ।

(ਸ) ਇਸ ਇਸ਼ਤਿਹਾਰ/ਭਰਤੀ ਸਬੰਧੀ ਜੇਕਰ ਕੋਈ ਤਰੁੱਟੀ ਧਿਆਨ ਵਿੱਚ ਆਉਂਦੀ ਹੈ ਤਾਂ ਉਸ ਨੂੰ ਸੁਧਾਰਨ ਦਾ ਹੱਕ ਬੋਰਡ ਕੋਲ ਰਾਖਵਾਂ ਹੋਵੇਗਾ।

ਸਹੀ/-

ਸਥਾਨ: ਐਸ.ਏ.ਐਸ. ਨਗਰ — ਸਕੱਤਰ

ਮਿਤੀ: 15.11.2025 — ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ